**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 04-11-2024**

ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਅੱਜ ਆਸਟ੍ਰੇਲੀਆ ਦੇ ਬ੍ਰਿਸਬੇਨ ਵਿੱਚ ਭਾਰਤ ਦੇ ਨਵੇਂ ਕੌਨ੍ਸ੍ਲ੍ਖਾਨੇ ਦਾ ਰਸਮੀ ਉਦਘਾਟਨ ਕੀਤਾ। ਇਸ ਮੌਕੇ 'ਤੇ, ਡਾ. ਜੈਸ਼ੰਕਰ ਨੇ ਕਿਹਾ ਕਿ ਇਹ ਕੌਂਸਲਖਾਨਾ, ਕੁਈਨਜ਼ਲੈਂਡ ਨਾਲ ਭਾਰਤ ਦੇ ਸਬੰਧਾਂ ਨੂੰ ਮਜ਼ਬੂਤ ਕਰਨ, ਵਪਾਰ ਨੂੰ ਉਤਸ਼ਾਹਿਤ ਕਰਨ, ਵਿਦਿਅਕ ਸਬੰਧਾਂ ਨੂੰ ਹੁਲਾਰਾ ਦੇਣ ਅਤੇ ਪ੍ਰਵਾਸੀ ਲੋਕਾਂ ਦੀ ਸੇਵਾ ਕਰਨ ਵਿੱਚ ਯੋਗਦਾਨ ਪਾਏਗਾ। ਉਨ੍ਹਾਂ ਨੇ ਇਸ ਉਦਘਾਟਨ ਨੂੰ ਭਾਰਤ ਅਤੇ ਆਸਟਰੇਲੀਆ ਦਰਮਿਆਨ ਵਧਦੇ ਮਜ਼ਬੂਤ ਦੁਵੱਲੇ ਸਬੰਧਾਂ ਵਿੱਚ ਇੱਕ ਮੀਲ ਪੱਥਰ ਕਰਾਰ ਦਿੱਤਾ। ਓਹਨਾਂ ਅੱਗੇ ਕਿਹਾ ਕਿ ਕੌਂਸਲਖਾਨਾ ਉਸ ਵਾਅਦੇ ਦਾ ਹਕੀਕੀ ਰੂਪ ਏ ਜੋ ਪ੍ਰਧਾਨ ਮੰਤਰੀ

ਨਰੇਂਦਰ ਮੋਦੀ ਨੇ ਪਿਛਲੇ ਸਾਲ ਆਸਟ੍ਰੇਲੀਆ ਵਿੱਚ ਭਾਰਤੀ ਭਾਈਚਾਰੇ ਨਾਲ ਕੀਤਾ ਸੀ । ਮੰਤਰੀ ਨੇ ਕੁਈਨਜ਼ਲੈਂਡ ਦੇ ਗਵਰਨਰ ਡਾ. ਜੀਨੇਟ ਯੰਗ ਨਾਲ ਵੀ ਮੁਲਾਕਾਤ ਕੀਤੀ । ਮੀਟਿੰਗ ਦੌਰਾਨ ਦੋਵਾਂ ਨੇਤਾਵਾਂ ਨੇ ਭਾਰਤ ਅਤੇ ਕੁਈਨਜ਼ਲੈਂਡ ਦਰਮਿਆਨ ਆਰਥਿਕ, ਵਪਾਰ ਅਤੇ ਨਿਵੇਸ਼ ਸਹਿਯੋਗ ਨੂੰ ਮਜ਼ਬੂਤ ਕਰਨ ਦੇ ਮੌਕਿਆਂ ਅਤੇ ਤਰੀਕਿਆਂ ਬਾਰੇ ਚਰਚਾ ਕੀਤੀ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ  ਕੁਲਤਾਰ ਸਿੰਘ ਸੰਧਵਾਂ ਨੇ ਆਉਣ ਵਾਲੀ ਕਣਕ ਦੀ ਬਿਜਾਈ ਰੁਤ ਦੌਰਾਨ ਪੰਜਾਬ ਦੇ ਕਿਸਾਨਾਂ ਨੂੰ ਮਾਹਿਰਾਂ ਵੱਲੋਂ ਸੁਝਾਈ ਮਾਤਰਾ ਅਨੁਸਾਰ ਖਾਦਾਂ ਦੀ ਵਰਤੋਂ ਕਰਨ ਦੀ ਅਪੀਲ ਕਰਦਿਆਂ ਕਿਹਾ ਏ ਕਿ ਬੇਲੋੜੀਆਂ ਖਾਦਾਂ ਦੀ ਵਰਤੋਂ ਨਾਲ ਜਮੀਨ ਦੀ ਉਪਜਾਊ ਸਕਤੀ ਵਧਣ ਦੀ ਬਜਾਏ ਘਟਦੀ ਏ । ਸ਼੍ਰੀ ਸੰਧਵਾਂ ਨੇ ਐਨ.ਪੀ.ਕੇ. ਨੂੰ ਫਾਸਫੋਰਸ ਦਾ ਬਦਲ ਦੱਸਦਿਆਂ ਯੂਰੀਆ ਦੀ ਵਰਤੋਂ ਘੱਟ ਤੋਂ ਘੱਟ ਕਰਨ ਅਤੇ

ਮਾਹਿਰਾਂ ਵੱਲੋਂ ਸੁਝਾਏ ਅਨੁਸਾਰ ਡੀ.ਏ.ਪੀ. ਖਾਦ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਏ। ਉਨ੍ਹਾਂ ਕਿਹਾ ਕਿ ਹੋਰ ਜੈਵਿਕ ਖਾਦਾਂ ਦੀ ਵੀ ਵਰਤੋਂ ਕੀਤੀ ਜਾ ਸਕਦੀ ਏ। ਸਪੀਕਰ ਨੇ ਕਿਹਾ ਏ ਕਿ ਕਿਸਾਨ ਭਰਾ, ਕਿਸਾਨ ਕਾਲ ਸੈਂਟਰ ਦੇ ਟੋਲ-ਫ੍ਰੀ ਟੈਲੀਫੋਨ ਨੰਬਰ 1800-1801-551 'ਤੇ ਕਾਲ ਕਰਕੇ ਇਸ ਸਬੰਧੀ ਵਧੇਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਨੇ। ਸਪੀਕਰ ਨੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਹੀ ਰਲਾਉਣ ਨਾਲ ਜਮੀਨ ਦੀ ਉਪਜਾਊ ਸਕਤੀ ਵਧਦੀ ਏ। ਉਨ੍ਹਾਂ ਦੱਸਿਆ ਕਿ ਡੀਲਰਾਂ ਵੱਲੋਂ ਡੀ.ਏ.ਪੀ. ਨਾਲ ਬੇਲੋੜੇ ਉਤਪਾਦਾਂ ਦੀ ਜ਼ਬਰਦਸਤੀ ਵਿਕਰੀ ਨੂੰ ਰੋਕਣ ਲਈ ਖੇਤੀਬਾੜੀ ਵਿਭਾਗ ਵੱਲੋਂ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ ਏ। ਸ਼੍ਰੀ ਸੰਧਵਾਂ ਨੇ ਪਰਾਲੀ ਸਾੜਨ ਤੋਂ ਗੁਰੇਜ ਕਰਨ ਵਾਲੇ ਕਿਸਾਨਾਂ ਦੀ ਸ਼ਲਾਘਾ ਕੀਤੀ ਅਤੇ ਹੋਰਨਾਂ ਨੂੰ ਵੀ ਇਸ ਚੁਗਿਰਦਾ ਪੱਖੀ ਮੁਹਿੰਮ ਨਾਲ ਜੁੜਨ ਲਈ ਪ੍ਰੇਰਿਤ ਕੀਤਾ।

-----------------------------------------------

ਫ਼ਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਅਤੇ ਐਸ.ਐਸ.ਪੀ. ਡਾ. ਪ੍ਰੱਗਿਆ ਜੈਨ ਵੱਲੋਂ ਕੀਤੀ ਗਈ ਯੋਗ ਅਗਵਾਈ ਅਤੇ ਪ੍ਰਸ਼ਾਸ਼ਨ ਦੀਆਂ ਟੀਮਾਂ ਵੱਲੋਂ ਚਲਾਈ ਗਈ ਜਾਗਰੂਕਤਾ ਮੁਹਿੰਮ ’ਤੇ ਵਰਤੀ ਗਈ ਚੋਕਸੀ ਕਾਰਨ ਇਸ ਨਾਲ ਜ਼ਿਲੇ ਵਿਚ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਵਿਚ ਕਮੀ ਆਈ ਏ ਅਤੇ ਕਿਸਾਨ ਬਿਨਾਂ ਅੱਗ ਲਗਾਏ ਆਪਣੇ ਖੇਤ ਵਿੱਚ ਝੋਨੇ ਦੀ ਰਹਿੰਦ ਖੂੰਹਦ ਦਾ ਨਿਪਟਾਰਾ ਕਰ ਰਹੇ ਨੇ । ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਅਤੇ ਐੱਸ.ਐੱਸ.ਪੀ ਡਾ. ਪ੍ਰੱਗਿਆ ਜੈਨ ਵੱਲੋਂ ਆਪਣੇ ਅਧਿਕਾਰੀਆਂ ਨਾਲ ਫੀਲਡ ਵਿਚ ਜਾ ਕੇ ਅੱਗ ਲੱਗਣ ਦੀਆਂ ਘਟਨਾਵਾਂ ਤੇ ਨਿਗਰਾਨੀ ਰੱਖੀ ਗਈ ਅਤੇ ਕੁਝ ਥਾਵਾਂ ਤੇ ਖੇਤਾਂ ਵਿਚ ਲਗਾਈ ਅੱਗ ਨੂੰ ਬੁਝਾਇਆ ਗਿਆ। ਇਥੇ ਜ਼ਿਕਰਯੋਗ ਏ ਕਿ ਰਾਸ਼ਟਰੀ ਗਰੀਨ ਟ੍ਰਿਬਿਊਨਲ, ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਕਟਾਈ ਉਪਰੰਤ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ

ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਜੰਗੀ ਪੱਧਰ ‘ਤੇ ਕਦਮ ਚੁੱਕੇ ਜਾ ਰਹੇ ਨੇ ਜਿਸ ਵਿੱਚ ਜਾਗਰੂਕਤਾ ਮੁਹਿੰਮ ਦੇ ਨਾਲ-ਨਾਲ ਪਰਾਲੀ ਨੂੰ ਅੱਗ ਲਾਉਣ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਦੇ ਚਾਲਾਨ ਕੱਟੇ ਜਾਣਾ ਸ਼ਾਮਲ ਏ।

-----------------------------------------------------------

ਮਲੇਰਕੋਟਲਾ ਦੇ ਡਿਪਟੀ ਕਮਿਸ਼ਨਰ ਡਾ ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਝੋਨੇ ਦੀ ਪਰਾਲੀ ਨੂੰ ਬਿਨਾਂ ਅੱਗ ਲਗਾਏ ਕਣਕ ਦੀ ਬਿਜਾਈ ਕਰਨ ਸਬੰਧੀ ਅਤੇ ਡੀ.ਏ.ਪੀ. ਖਾਦ ਦੇ ਬਦਲ ਦੇ ਰੂਪ’ਚ ਹੋਰ ਫਾਸਫੇਟ ਖਾਦਾਂ ਦੀ ਵਰਤੋਂ ਕਰਨ ਲਈ ਕਿਸਾਨਾਂ ਨੂੰ ਹੇਠਲੇ ਪੱਧਰ ਉੱਪਰ ਜਾ ਕੇ ਜਾਗਰੂਕ ਕੀਤਾ ਜਾ ਰਿਹਾ ਏ। ਇਸੇ ਕੜੀ ਤਹਿਤ ਖੇਤੀਬਾੜੀ ਵਿਕਾਸ ਅਫਸਰ ਡਾ ਨਵਦੀਪ ਕੁਮਾਰ ਨੇ ਪਿੰਡ ਲਸੋਈ ਵਿਖੇ ਵਿਸ਼ੇਸ ਜਾਗਰੂਕਤਾ ਕੈਂਪ ਦੌਰਾਨ ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਕਟਾਈ ਉਪਰੰਤ ਸੁਪਰ ਸੀਡਰ ਦੀ ਮਦਦ ਨਾਲ ਕਣਕ ਦੀ ਬਿਜਾਈ ਸਬੰਧੀ ਤਕਨੀਕੀ ਜਾਣਕਾਰੀ ਮੁਹਈਆ

ਕਰਵਾਈ ਗਈ। ਖੇਤੀਬਾੜੀ ਵਿਕਾਸ ਅਫਸਰ ਵੱਲੋਂ ਕਿਸਾਨਾਂ ਨੂੰ ਖੇਤਾਂ ਵਿੱਚ ਜਾ ਕੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਦੱਸਿਆ ਗਿਆ ਕਿ ਕਣਕ ਦੀ ਬਿਜਾਈ ਲਈ ਫਾਸਫੋਰਸ ਤੱਤਾਂ ਦੀ ਜ਼ਰੂਰਤ ਹੁੰਦੀ ਏ ਜਿਸ ਲਈ ਕਿਸਾਨਾਂ ਵਲੋਂ ਡੀ.ਏ.ਪੀ. ਖਾਦ ਦੀ ਵਰਤੋਂ ਕੀਤੀ ਜਾਂਦੀ ਏ । ਡੀ.ਏ.ਪੀ. ਖਾਦ ਦੇ ਬਦਲ ਦੇ ਰੂਪ ਵਿਚ ਕਿਸਾਨ ਟ੍ਰਿਪਲ ਸੁਪਰ ਫਾਸਫੇਟ, ਸਿੰਗਲ ਸੁਪਰ ਫਾਸਫੇਟ ਅਤੇ ਹੋਰ ਫਾਸਫੇਟਿਕ ਖਾਦਾਂ ਦੀ ਵੀ ਵਰਤੋਂ ਕਰ ਸਕਦੇ ਨੇ। ਖੇਤੀਬਾੜੀ ਵਿਕਾਸ ਅਫ਼ਸਰ ਨੇ ਕਿਹਾ ਕਿ ਟ੍ਰਿਪਲ ਸੁਪਰ ਫਾਸਫੇਟ ਵਿਚ ਵੀ ਡੀ.ਏ.ਪੀ. ਦੀ ਤਰ੍ਹਾਂ 46 ਫੀਸਦੀ ਫਾਸਫੋਰਸ ਤੱਤ ਹੁੰਦੇ ਨੇ ਅਤੇ ਇਨ੍ਹਾਂ ਖਾਦਾ ਦੀਆਂ ਕੀਮਤਾ ਡੀ.ਏ.ਪ. ਖਾਦ ਤੋਂ ਘੱਟ ਹੋਣ ਕਾਰਨ ਕਿਸਾਨ ਖੇਤੀ ਲਾਗਤ ਵਿੱਚ ਕਮੀ ਲਿਆ ਕੇ ਆਪਣੀ ਆਰਥਿਕ ਸਿਹਤ ਵਿੱਚ ਸੁਧਾਰ ਲਿਆ ਸਕਦੇ ਨੇ । ਇਸ ਤੋਂ ਇਲਾਵਾ ਬਾਜ਼ਾਰ ਵਿਚ

ਉਪਲਬੱਧ ਹੋਰ ਫਾਸਫੇਟਿਕ ਖਾਦਾਂ ਵੀ ਇਸਤੇਮਾਲ ਕੀਤੀ ਜਾ ਸਕਦੀਆਂ ਨੇ।

-----------------------------------------------------------

ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ-ਡਿਸਟੈਂਸ ਦੇ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਓਪਨ ਐਂਡ ਡਿਸਟੈਂਸ ਲਰਨਿੰਗ (ਓ.ਡੀ.ਐਲ.) ਅਤੇ ਔਨਲਾਈਨ ਮੋਡ ਤਹਿਤ ਕੋਰਸਾਂ ਵਿੱਚ ਦਾਖਲੇ ਦੀ ਆਖਰੀ ਤਰੀਕ 15 ਨਵੰਬਰ 2024 ਤੱਕ ਵਧਾ ਦਿੱਤੀ ਏ। ਵਾਈਸ-ਚਾਂਸਲਰ ਪ੍ਰੋਫੈਸਰ (ਡਾ.) ਜਸਪਾਲ ਸਿੰਘ ਸੰਧੂ ਦੀ ਅਗਵਾਈ ਹੇਠ ਯੂ.ਜੀ.ਸੀ.-ਡੀ.ਈ.ਬੀ. ਤੋਂ ਲੋੜੀਂਦੀਆਂ ਪ੍ਰਵਾਨਗੀਆਂ ਨਾਲ ਡਾਇਰੈਕਟੋਰੇਟ ਆਫ਼ ODL ਅਤੇ ਔਨਲਾਈਨ ਸਟੱਡੀਜ਼ ਦੀ ਸਥਾਪਨਾ ਕੀਤੀ ਗਈ ਏ। ਇਸ ਸਮੇਂ ਵਿੱਚ ਯੂਨੀਵਰਸਿਟੀ ਵਿੱਚ ਲਗਭਗ 1400 ਸਿਿਖਆਰਥੀ ਵੱਖ-ਵੱਖ ਓਪਨ ਅਤੇ ਡਿਸਟੈਂਸ ਲਰਨਿੰਗ ਅਤੇ ਔਨਲਾਈਨ ਪ੍ਰੋਗਰਾਮਾਂ ਵਿੱਚ ਪੜ੍ਹ ਰਹੇ ਨੇ, ਜਿਨ੍ਹਾਂ ਵਿੱਚ ਕੈਨੇਡਾ, ਬਰਤਾਨੀਆ,

ਆਸਟ੍ਰੇਲੀਆ, ਯੂਏਈ ਅਤੇ ਅਮਰੀਕਾ ਵਰਗੇ ਦੇਸ਼ਾਂ ਦੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਵਿਿਦਆਰਥੀ ਸ਼ਾਮਲ ਨੇ । ਇਹ ਔਨਲਾਈਨ ਪ੍ਰੋਗਰਾਮ ਖਾਸ ਤੌਰ 'ਤੇ ਨਾ ਸਿਰਫ਼ ਵਿਦੇਸ਼ਾਂ ਵਿੱਚ ਰਹਿੰਦੇ ਪ੍ਰਵਾਸੀ ਪੰਜਾਬੀਆਂ ਨੂੰ ਲਾਭ ਪਹੁੰਚਾਉਣ ਲਈ ਤਿਆਰ ਕੀਤੇ ਗਏ ਨੇ, ਸਗੋਂ ਭਾਰਤ ਜਾਂ ਦੁਨੀਆ ਭਰ ਵਿੱਚ ਕੋਈ ਵੀ ਵਿਅਕਤੀ ਜੋ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਇਸ ਮੋਡ ਰਾਹੀਂ ਉੱਚ ਸਿਖਿਆ ਪ੍ਰਾਪਤ ਕਰਨਾ ਚਾਹੁੰਦਾ ਏ ਇਸਦਾ ਲਾਭ ਲੈ ਸਕਦਾ ਏ ।